# ਲੋੜਵੰਦ ਅਤੇ ਹੋਣਹਾਰ ਵਿਦਿਆਰਥੀਆਂ ਲਈ ਵਜ਼ੀਫ਼ਾ

**ਪ੍ਰਾਜੈਕਟ ਦੀ ਅਵਧੀ: 01 ਸਾਲ**

**ਕੋਆਰਡੀਨੇਟਰ: ......................**

- ਪੰਜਾਬੀ ਯੂਨੀਵਰਸਿਟੀ ਦਾ ਮੁੱਖ ਮੰਤਵ, ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਦਾ ਪ੍ਰਚਾਰ-ਪ੍ਰਸਾਰ ਕਰਨਾ ਹੈ।
- ਪੰਜਾਬੀ ਯੂਨੀਵਰਸਿਟੀ ਕੇਵਲ ਪੰਜਾਬੀ ਭਾਸ਼ਾ ਨੂੰ ਲੈ ਕੇ ਹੀ ਕਾਰਜਸ਼ੀਲ ਨਹੀਂ ਬਲਕਿ ਇਸ ਵਿਚ ਵੱਖ-ਵੱਖ ਗਿਆਨ ਖੇਤਰਾਂ ਨਾਲ ਸਬੰਧਿਤ 70 ਦੇ ਲਗਭਗ ਵਿਭਾਗ ਹਨ।
- ਯੂਨੀਵਰਸਿਟੀ 14,000 ਤੋਂ ਵੱਧ ਵਿਦਿਆਰਥੀਆਂ ਨੂੰ ਬਹੁ-ਪੱਖੀ, ਬਹੁ-ਖੋਜੀ ਅਤੇ ਬਹੁ-ਪ੍ਰਤਿਭੀ ਸਿੱਖਿਆ ਬਹੁਤ ਹੀ ਢੁਕਵੇਂ ਵਾਤਾਵਰਨ ਵਿੱਚ ਪਰਦਾਨ ਕਰ ਰਹੀ ਹੈ।
- ਯੂਨੀਵਰਸਿਟੀ ਬਹੁਤ ਸਾਰੇ ਨਿਮਰ ਪਿਛੋਕੜ ਨਾਲ ਸਬੰਧਤ ਵਿਦਿਆਰਥੀਆਂ ਦੀਆਂ ਵਿਦਿਅਕ ਲੋੜਾਂ ਪੂਰੀਆਂ ਕਰ ਰਹੀ ਹੈ।
- ਇਹਨਾਂ ਵਿਦਿਆਰਥੀਆਂ ਵਿੱਚੋਂ ਵੱਡਾ ਹਿੱਸਾ ਪੋਸਟ ਮੈਟ੍ਰਿਕ ਸਕਾਲਰਸ਼ਿਪ ਦੀਆਂ ਵੱਖ-ਵੱਖ ਕਿਸਮਾਂ ਦੇ ਅਧੀਨ ਸ਼ਾਮਲ ਨਹੀਂ ਹੈ।
- ਮੌਜੂਦਾ ਵਿਵਸਥਾ ਦੇ ਅਨੁਸਾਰ ਯੂਨੀਵਰਸਿਟੀ ਪ੍ਰਸ਼ਾਸਨ ਸਿਰਫ 8% ਵਿਦਿਆਰਥੀਆਂ ਨੂੰ ਪੂਰੀ ਟਿਊਸ਼ਨ ਫੀਸ ਮੁਆਫੀ ਪ੍ਰਦਾਨ ਕਰ ਸਕਦਾ ਹੈ।
- ਇਸ ਸਥਿਤੀ ਵਿੱਚ ਵੱਡੀ ਗਿਣਤੀ ਵਿੱਚ ਲੋੜਵੰਦ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਜਾਰੀ ਰੱਖਣ ਵਿੱਚ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ|

- ਪੰਜਾਬੀ ਯੂਨੀਵਰਸਿਟੀ ਦੁਆਰਾ ਇਹਨਾਂ ਲੋੜਵੰਦ ਅਤੇ ਹੋਣਹਾਰ ਵਿਦਿਆਰਥੀਆਂ ਦੀ ਮਦਦ ਲਈ ਵਜ਼ੀਫੇ ਦਾ ਇੱਕ ਪੂਲ ਬਣਾਉਣ ਦਾ ਪ੍ਰਸਤਾਵ ਕੀਤਾ ਹੈ।
- ਮੌਜੂਦਾ ਸਥਿਤੀ ਵਿੱਚ ਯੂਨੀਵਰਸਿਟੀ ਆਪਣੇ ਸਾਬਕਾ ਵਿਦਿਆਰਥੀਆਂ ਦੇ ਸਾਹਮਣੇ 100 ਵਜ਼ੀਫੇ ਦਾ ਇੱਕ ਪੂਲ ਬਣਾਉਣ ਦਾ ਪ੍ਰਸਤਾਵ ਰੱਖਦੀ ਹੈ
- ਇਹ 100 ਵਜ਼ੀਫੇ ਵਿਦਿਆਰਥੀਆਂ ਨੂੰ ਮੈਰਿਟ ਅਤੇ ਆਮਦਨ ਦੇ ਆਧਾਰ 'ਤੇ ਵੰਡੇ ਜਾਣਗੇ।
- ਪੰਜਾਬੀ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀਆਂ ਨੂੰ ਅਜਿਹੇ ਵਿਦਿਆਰਥੀਆਂ ਦੀ ਮਦਦ ਲਈ ਲਈ ਸਕਾਲਰਸ਼ਿਪ ਪੂਲ ਵਿੱਚ ਖੁੱਲ੍ਹੇ ਦਿਲ ਨਾਲ ਯੋਗਦਾਨ ਪਾਉਣ ਲਈ ਸੱਦਾ ਦਿੱਤਾ ਜਾਂਦਾ ਹੈ।

# ਬਜਟ

- ਵਜ਼ੀਫੇ ਦੀ ਗਿਣਤੀ – 100
- ਹਰੇਕ ਵਜ਼ੀਫੇ ਦੀ ਰਾਸ਼ੀ – 50,000/
- ਵਜ਼ੀਫੇ ਦੀ ਕੁੱਲ ਰਾਸ਼ੀ – 5,00,000/

